ਅੰਮ੍ਰਿਤਸਰ ਅਜੀਤ
ਅਜੀਤ, ਜਲੰਧਰ
ਮੰਗਲਵਾਰ, 4 ਜਨਵਰੀ 2022





ਸੰਯੁਕਤ ਸਮਾਜ ਮੋਰਚਾ ਦੇ ਸੂਬਾ ਪ੍ਰਮੁੱਖ ਆਗੂ ਡਾ: ਸਤਨਾਮ ਸਿੰਘ ਅਜਨਾਲਾ ਦੀ ਅਗਵਾਈ 'ਚ ਪ੍ਰਧਾਨ ਮੰਤਰੀ ਮੋਦੀ ਦਾ ਅਰਥੀ ਫੂਕ ਮੁਜ਼ਾਹਰਾ ਕਰਦੇ ਹੋਏ ਜਨਤਕ ਜਥੇਬੰਦੀਆਂ ਦੇ ਕਾਰਕੁੰਨ ਤੇ ਆਗੂ। ਤਸਵੀਰ : ਐੱਸ. ਪ੍ਰਸ਼ੋਤਮ

# ਇਨਕਲਾਬੀ ਜਨਤਕ ਜਥੇਬੰਦੀਆਂ ਵਲੋਂ ਮੋਦੀ ਦਾ ਅਰਥੀ ਫੂਕ ਮੁਜ਼ਾਹਰਾ

ਅਜਨਾਲਾ, 3 ਜਨਵਰੀ (ਐਸ. ਪ੍ਰਸ਼ੋਤਮ)-ਇੱਥੇ ਇਨਕਲਾਬੀ ਸੰਘਰਸ਼ੀਲ ਜਨਤਕ ਜਥੇਬੰਦੀਆਂ ਜਮਹੂਰੀ ਕਿਸਾਨ ਸਭਾ ਪੰਜਾਬ, ਦਿਹਾਤੀ ਮਜ਼ਦੂਰ ਸਭਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਤੇ ਜਨਵਾਦੀ ਇਸਤਰੀ ਸਭਾ ਦੇ ਤਹਿਸੀਲ ਤੇ ਜ਼ਿਲ੍ਹਾ ਪੱਧਰੀ ਆਗੂਆਂ ਸਮੇਤ ਸਰਗਰਮ ਕਾਰਕੁੰਨਾਂ ਵਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ 5 ਜਨਵਰੀ ਦੀ ਪੰਜਾਬ ਫੇਰੀ ਦੇ ਰੋਸ 'ਚ ਵਿਰੋਧ ਦਰਜ ਕਰਵਾਉਣ ਲਈ ਸੰਯੁਕਤ ਸਮਾਜ ਮੋਰਚਾ ਪੰਜਾਬ ਦੇ ਪ੍ਰਮੁੱਖ ਆਗੂ ਡਾ: ਸਤਨਾਮ ਸਿੰਘ ਅਜਨਾਲਾ ਦੀ ਅਗਵਾਈ 'ਚ ਸਥਾਨਕ ਫਤਹਿਗੜ੍ਹ ਚੂੜੀਆਂ ਰੋਡ ਵਿਖੇ ਮੁਜ਼ਾਹਰਾ ਕਰਨ ਉਪਰੰਤ ਕਾਨਵੈਂਟ ਸਕੂਲ ਸਾਹਮਣੇ ਚੌਕ 'ਚ ਪ੍ਰਧਾਨ ਮੰਤਰੀ ਮੋਦੀ ਦਾ ਪੁਤਲਾ ਫੂਕ ਪਿੱਟ ਸਿਆਪਾ ਕੀਤਾ। ਇਸ ਮੌਕੇ ਡਾ: ਅਜਨਾਲਾ ਨੇ ਕਿਹਾ ਕਿ ਮੋਦੀ ਸਰਕਾਰ ਕਿਸਾਨ ਸੰਯੁਕਤ ਮੋਰਚੇ ਨਾਲ ਕੀਤੇ ਵਾਅਦਿਆਂ ਤੋਂ ਭੱਜ ਰਹੀ ਹੈ। ਮੋਦੀ ਸਰਕਾਰ 'ਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਦਬਾਓ ਵਧਾਉਣ ਹਿਤ 5 ਜਨਵਰੀ ਨੂੰ ਪ੍ਰਧਾਨ ਮੰਤਰੀ ਮੋਦੀ ਦੀ ਫੇਰੀ ਮੌਕੇ ਪਿੰਡਾਂ 'ਚ ਪ੍ਰਧਾਨ ਮੰਤਰੀ ਦੇ ਅਰਥੀ ਫੂਕ ਮੁਜ਼ਾਹਰੇ ਕੀਤੇ ਜਾਣਗੇ। ਇਸ ਮੌਕੇ 'ਤੇ ਸ਼ੀਤਲ ਸਿੰਘ ਤਲਵੰਡੀ, ਸੁਰਜੀਤ ਸਿੰਘ ਦੁਧਰਾਏ, ਸ਼੍ਰੀਮਤੀ ਮਾਣੀ ਅਜਨਾਲਾ, ਜੱਗਾ ਸਿੰਘ ਡਲਾ ਰਾਜਪੂਤਾਂ, ਗੁਰਪਾਲ ਸਿੰਘ ਸੈਦਪੁਰ, ਸ਼ਾਮ ਸਿੰਘ ਕੱਚਾ ਡੱਲਾ, ਵਿਰਸਾ ਸਿੰਘ ਟਪਿਆਲਾ, ਅਮਰਜੀਤ ਸਿੰਘ ਭੀਲੋਵਾਲ, ਅਵਤਾਰਜੀਤ ਕੌਰ, ਕਸ਼ਮੀਰ ਕੌਰ ਅਜਨਾਲਾ ਆਦਿ ਮੌਜੂਦ ਸਨ।



ਡੀ. ਆਈ. ਜੀ. ਨਾਂਦੇੜ ਮਹਾਂਰਾਸ਼ਟਰ ਪਰਿਵਾਰਕ ਮੈਂਬਰਾਂ ਨਾਲ ਅਟਾਰੀ ਸਰਹੱਦ ਵਿਖੇ ਯਾਦਗਾਈ ਫੋਟੋ ਖਿਚਵਾਉਂਦੇ ਹੋਏ। ਤਸਵੀਰ : ਸੁਖਵਿੰਦਰਜੀਤ ਸਿੰਘ

# ਡੀ. ਆਈ. ਜੀ. ਨਾਂਦੇੜ ਸਾਹਿਬ (ਮਹਾਂਰਾਸ਼ਟਰ) ਨੇ ਅਟਾਰੀ ਸਰਹੱਦ 'ਤੇ ਰੀਟਰੀਟ ਸੈਰਾਮਨੀ ਵੇਖੀ

ਅਟਾਰੀ, 3 ਜਨਵਰੀ (ਸੁਖਵਿੰਦਰਜੀਤ ਸਿੰਘ ਘਰਿੰਡਾ, ਗੁਰਦੀਪ ਸਿੰਘ ਅਟਾਰੀ)-ਡੀ. ਆਈ. ਜੀ. ਨਾਂਦੇੜ ਸਾਹਿਬ (ਮਹਾਂਰਾਸ਼ਟਰ) ਨੀਸਰ ਤਮਬੋਲੇ ਨੇ ਪਰਿਵਾਰਕ ਮੈਂਬਰਾਂ ਨਾਲ ਅਟਾਰੀ-ਵਾਹਗਾ ਸਰਹੱਦ 'ਤੇ ਦੋਵਾਂ ਮੁਲਕਾਂ ਦੀਆਂ ਸਰਹੱਦੀ ਸੁਰੱਖਿਆ ਫੋਰਸਾਂ ਸੀਮਾ ਸੁਰੱਖਿਆ ਬਲ ਤੇ ਪਾਕਿਸਤਾਨ ਰੇਂਜਰਜ਼ ਵਿਚਕਾਰ ਝੰਡਾ ਉਤਾਰਨ ਦੀ ਰਸਮ (ਰੀਟਰੀਟ ਸੈਰਾਮਨੀ) ਵੇਖੀ। ਸਾਂਝੀ ਜਾਂਚ ਚੌਂਕੀ ਅਟਾਰੀ ਸਰਹੱਦ ਵਿਖੇ ਪਹੁੰਚਣ 'ਤੇ ਸੀਮਾ ਸੁਰੱਖਿਆ ਬਲ ਵਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਅਟਾਰੀ ਸਰਹੱਦ ਵਿਖੇ ਸੀਮਾ ਸੁਰੱਖਿਆ ਸੀਮਾ ਬਲ ਦਾ ਅਜਾਇਬਘਰ, ਸਟੇਡੀਅਮ, ਬਾਰਡਰ ਪਿੱਲਰ ਵੇਖਿਆ ਤੇ ਸੀਮਾ ਸੁਰੱਖਿਆ ਬਲ ਦੇ ਜਵਾਨਾਂ ਦੀ ਸ਼ਲਾਘਾ ਕੀਤੀ। ਯਾਦਗਾਰੀ ਤਸਵੀਰਾਂ ਵੀ ਖਿਚਵਾਈਆਂ। ਇਸ ਮੌਕੇ ਅਰੁਣ ਮਾਹਲ ਪ੍ਰੋਟੋਕੋਲ ਅਫ਼ਸਰ ਹਾਜ਼ਰ ਸਨ।



ਪੰਜਾਬ ਪੈਨਸ਼ਨਰਜ਼ ਯੂਨੀਅਨ ਤਹਿਸੀਲ ਅਜਨਾਲਾ ਦੇ ਪ੍ਰਧਾਨ ਗੁਰਚਰਨ ਸਿੰਘ ਸੰਧੂ, ਨੰਬਰਦਾਰ ਕੁਲਦੀਪ ਸਿੰਘ ਬੱਲ, ਹਰਜੀਤ ਸਿੰਘ ਉੱਪਲ ਤੇ ਹੋਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ। ਤਸਵੀਰ: ਢਿੱਲੋਂ

# ਪੰਜਾਬ ਪੈਨਸ਼ਨਰਜ਼ ਯੂਨੀਅਨ ਵਲੋਂ ਤਹਿਸੀਲ ਪੱਧਰੀ ਰੋਸ ਮੁਜ਼ਾਹਰਾ

ਅਜਨਾਲਾ, 3 ਜਨਵਰੀ (ਗੁਰਪ੍ਰੀਤ ਸਿੰਘ ਢਿੱਲੋਂ)-ਸੂਬਾ ਸਰਕਾਰ ਵਲੋਂ ਪੰਜਾਬ ਭਰ ਦੇ ਪੈਨਸ਼ਨਰਾਂ ਦੀਆਂ ਮੰਗਾਂ ਦਾ ਹੱਲ ਨਾ ਕੱਢੇ ਜਾਣ ਦੇ ਰੋਸ ਵਜੋਂ ਪੰਜਾਬ ਪੈਨਸ਼ਨਰਜ਼ ਯੂਨੀਅਨ ਵਲੋਂ ਤਹਿਸੀਲ ਪ੍ਰਧਾਨ ਗੁਰਚਰਨ ਸਿੰਘ ਸੰਧੂ ਦੀ ਅਗਵਾਈ ਹੇਠ ਅਜਨਾਲਾ ਸ਼ਹਿਰ 'ਚ ਪੰਜਾਬ ਸਰਕਾਰ ਖ਼ਿਲਾਫ਼ ਤਹਿਸੀਲ ਪੱਧਰੀ ਰੋਸ ਮੁਜ਼ਾਹਰਾ ਕੀਤਾ ਗਿਆ। ਇਸ ਮੌਕੇ ਪ੍ਰਧਾਨ ਗੁਰਚਰਨ ਸਿੰਘ ਸੰਧੂ ਅਤੇ ਨੰਬਰਦਾਰ ਕੁਲਦੀਪ ਸਿੰਘ ਬੱਲ ਸਮੇਤ ਹੋਰਨਾਂ ਬੁਲਾਰਿਆਂ ਨੇ ਕਿਹਾ ਕਿ ਵੱਖ-ਵੱਖ ਵਿਭਾਗਾਂ ਵਿਚ ਆਪਣੀਆਂ ਸ਼ਲਾਘਾਯੋਗ ਸੇਵਾਵਾਂ ਨਿਭਾਅ ਕੇ ਸੇਵਾ ਮੁਕਤ ਹੋਏ ਕਰਮਚਾਰੀ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੇ ਹੱਲ ਲਈ ਸਰਕਾਰ ਖ਼ਿਲਾਫ਼ ਸੰਘਰਸ਼ ਕਰ ਰਹੇ ਹਨ ਪਰ ਸਰਕਾਰ ਦੇ ਕੰਨਾਂ 'ਤੇ ਜੂੰ ਨਹੀਂ ਸਰਕ ਰਹੀ ਜਿਸ ਕਾਰਨ ਪੰਜਾਬ ਭਰ ਦੇ ਪੈਨਸ਼ਨਰਾਂ ਵਿਚ ਭਾਰੀ ਰੋਸ ਦੀ ਲਹਿਰ ਹੈ। ਉਨ੍ਹਾਂ ਸਰਕਾਰ ਨੂੰ ਸਖ਼ਤ ਸ਼ਬਦਾਂ ਵਿਚ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਕਾਂਗਰਸ ਪਾਰਟੀ ਨੂੰ ਇਸ ਦਾ ਖ਼ਮਿਆਜ਼ਾ ਆਉਂਦੀਆਂ ਵਿਧਾਨ ਸਭਾ ਚੋਣਾਂ ਵਿਚ ਭੁਗਤਣਾ ਪਵੇਗਾ। ਇਸ ਮੌਕੇ ਹਰਜੀਤ ਸਿੰਘ ਉੱਪਲ, ਰਮੇਸ਼ ਸ਼ਰਮਾ, ਅਜੀਤ ਸਿੰਘ ਰੰਧਾਵਾ, ਬਲਦੇਵ ਸਿੰਘ, ਜੋਗਿੰਦਰ ਸਿੰਘ, ਭਜਨ ਸਿੰਘ, ਸੋਮਨਾਥ, ਧਰਮਪਾਲ ਡੋਗਰਾ, ਮੋਹਨ ਲਾਲ, ਯਸ਼ਪਾਲ ਭੰਡਾਰੀ, ਗੁਰਮੀਤ ਸਿੰਘ, ਪ੍ਰੀਤਮ ਸਿੰਘ ਬੱਗਾ, ਨਿਰਮਲ ਸਿੰਘ, ਦੇਵੀ ਦਿਆਲ ਸ਼ਰਮਾ, ਡਾ: ਪਰਮਜੀਤ ਸਿੰਘ ਨਿੱਝਰ ਅਤੇ ਦਲਬੀਰ ਸਿੰਘ ਆਦਿ ਹਾਜ਼ਰ ਸਨ।



ਥਾਣਾ ਲੋਪੋਕੇ ਦੀ ਪੁਲਿਸ ਵਲੋਂ ਪਾਬੰਦੀਸ਼ੁਦਾ ਡੋਰ ਸਮੇਤ ਫੜੇ ਗਏ ਦੋਸ਼ੀਆਂ ਨਾਲ ਥਾਣਾ ਮੁਖੀ ਕਪਿਲ ਕੌਸ਼ਲ, ਏ. ਐਸ. ਆਈ. ਗੁਰਦੀਪ ਸਿੰਘ ਤੇ ਹੋਰ। ਤਸਵੀਰ : ਕਲਸੀ

# 896 ਚਾਈਨਾ ਡੋਰ ਦੇ ਗੱਟੂਆਂ ਸਮੇਤ 2 ਕਾਬੂ

ਲੋਪੋਕੇ, 3 ਜਨਵਰੀ (ਗੁਰਵਿੰਦਰ ਸਿੰਘ ਕਲਸੀ)-ਰਵਿੰਦਰ ਪਾਲ ਸਿੰਘ ਪੀ. ਪੀ. ਐਸ, ਡੀ. ਐੱਸ. ਪੀ. ਅਟਾਰੀ ਦੀ ਅਗਵਾਈ ਹੇਠ ਥਾਣਾ ਲੋਪੋਕੇ ਦੀ ਪੁਲਿਸ ਵਲੋਂ ਲਗਾਏ ਗਏ ਨਾਕੇ ਦੌਰਾਨ ਬੋਲੈਰੋ ਗੱਡੀ 'ਤੇ ਆ ਰਹੇ 2 ਨੌਜਵਾਨਾਂ ਨੂੰ 896 ਚਾਈਨਾ ਡੋਰ ਦੇ ਗੱਟੂਆਂ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸੰਬੰਧੀ ਥਾਣਾ ਲੋਪੋਕੇ ਦੇ ਐੱਸ. ਐੱਚ. ਓ. ਕਪਿਲ ਕੌਸ਼ਲ ਨੇ ਦੱਸਿਆ ਕਿ ਗੁਪਤ ਸੂਚਨਾ ਦੇ ਅਧਾਰ 'ਤੇ ਥਾਣਾ ਲੋਪੋਕੇ ਦੇ ਏ. ਐੱਸ. ਆਈ. ਗੁਰਦੀਪ ਸਿੰਘ ਤੇ ਪੁਲਿਸ ਪਾਰਟੀ ਵਲੋਂ ਚੋਗਾਵਾਂ ਚੌਕ 'ਚ ਲਗਾਏ ਗਏ ਨਾਕੇ ਦੌਰਾਨ 2 ਨੌਜਵਾਨ ਬੋਲੈਰੋ ਗੱਡੀ (ਪੀ. ਬੀ. 12 ਬੀ. ਜੀ. 9750) 'ਤੇ ਸਵਾਰ ਹੋ ਕੇ ਅੰਮ੍ਰਿਤਸਰ ਤੋਂ ਚੋਗਾਵਾਂ ਆ ਰਹੇ ਸਨ ਜਦੋਂ ਗੱਡੀ ਰੋਕ ਕੇ ਤਲਾਸ਼ੀ ਲਈ ਗਈ ਤਾਂ ਗੱਡੀ 'ਚੋਂ 896 ਚਾਈਨਾ ਗੱਟੂ ਬਰਾਮਦ ਕੀਤੇ ਗਏ। ਫੜੇ ਗਏ ਦੋਸ਼ੀਆਂ ਦੀ ਪਹਿਚਾਣ ਚੰਨਪ੍ਰੀਤ ਸਿੰਘ ਵਾਸੀ ਸੁਲਤਾਨਵਿੰਡ ਰੋਡ ਅੰਮ੍ਰਿਤਸਰ ਅਤੇ ਸਤਵੀਰ ਸਿੰਘ ਵਾਸੀ ਸੁਲਤਾਨਵਿੰਡ ਵਜੋਂ ਹੋਈ। ਦੋਸ਼ੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

# ਮੋਦੀ ਪੰਜਾਬ ਫੇਰੀ ਦੌਰਾਨ ਕਿਸਾਨਾਂ ਦੇ ਸਿਰ ਚੜ੍ਹੇ ਕਰਜ਼ੇ ਨੂੰ ਮੁਆਫ਼ ਕਰਨ-ਬਾਠ, ਸ਼ਾਹਪੁਰ

ਅਜਨਾਲਾ, 3 ਜਨਵਰੀ (ਗੁਰਪ੍ਰੀਤ ਸਿੰਘ ਢਿੱਲੋਂ)-ਤਿੰਨ ਖੇਤੀ ਕਾਨੂੰਨਾਂ ਨੂੰ ਰੱਦ ਕਰਨ ਲਈ ਲੱਗੇ ਕਿਸਾਨੀ ਮੋਰਚੇ ਵਿਚ ਸ਼ਮੂਲੀਅਤ ਕਰਨ ਵਾਲੇ ਸਰਹੱਦੀ ਤਹਿਸੀਲ ਅਜਨਾਲਾ ਨਾਲ ਸੰਬੰਧੀ ਕਿਸਾਨ ਆਗੂਆਂ ਦੀ ਮੀਟਿੰਗ ਮਨਜੀਤ ਸਿੰਘ ਬਾਠ, ਕਾਬਲ ਸਿੰਘ ਸ਼ਾਹਪੁਰ ਅਤੇ ਬਲਕਾਰ ਸਿੰਘ ਬਾਜਵਾ ਦੀ ਸਾਂਝੀ ਅਗਵਾਈ ਹੇਠ ਹੋਈ। ਗੱਲਬਾਤ ਕਰਦਿਆਂ ਮਨਜੀਤ ਸਿੰਘ ਬਾਠ, ਕਾਬਲ ਸਿੰਘ ਸ਼ਾਹਪੁਰ ਅਤੇ ਬਲਕਾਰ ਸਿੰਘ ਬਾਜਵਾ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੋਲੋਂ ਮੰਗ ਕੀਤੀ ਕਿ ਪਿਛਲੇ ਸਮੇਂ ਦੌਰਾਨ ਯੂ.ਪੀ. ਦੇ ਲਖੀਮਪੁਰ ਖੀਰੀ ਵਿਖੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਉੱਪਰ ਗੱਡੀ ਚਾੜ੍ਹ ਕੇ ਉਨ੍ਹਾਂ ਨੂੰ ਸ਼ਹੀਦ ਕਰਨ ਵਾਲੇ ਭਾਜਪਾ ਦੇ ਮੰਤਰੀ ਨੂੰ ਪਾਰਟੀ 'ਚੋਂ ਬਰਖ਼ਾਸਤ ਕਰਕੇ ਉਸ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ, ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਕੀਤੀ ਜਾਵੇ ਅਤੇ ਕਿਸਾਨ ਅੰਦੋਲਨ ਦੌਰਾਨ ਹੋਏ ਸਾਰੇ ਮੁਕੱਦਮਿਆਂ ਨੂੰ ਤੁਰੰਤ ਰੱਦ ਕੀਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਪ੍ਰਧਾਨ ਮੰਤਰੀ 5 ਜਨਵਰੀ ਨੂੰ ਆਪਣੀ ਪੰਜਾਬ ਫੇਰੀ ਦੌਰਾਨ ਪੰਜਾਬ ਦੇ ਕਿਸਾਨਾਂ ਸਿਰ ਚੜ੍ਹੇ ਸਾਰੇ ਕਰਜ਼ੇ ਮੁਆਫ਼ ਕਰਨ ਅਤੇ ਆਰਥਿਕ ਸੰਕਟ ਨਾਲ ਜੂਝ ਰਹੇ ਪੰਜਾਬ ਨੂੰ ਵਿਸ਼ੇਸ਼ ਪੈਕੇਜ ਦੇ ਕੇ ਪੰਜਾਬ ਵਾਸੀਆਂ ਦਾ ਦਿਲ ਜਿੱਤਣ। ਇਸ ਮੌਕੇ ਨਰਿੰਦਰਪਾਲ ਸਿੰਘ ਢਿੱਲੋਂ ਬੈਂਕ ਵਾਲੇ, ਸੁਖਵਿੰਦਰ ਸਿੰਘ ਬਾਜਵਾ, ਕਾਬਲ ਸਿੰਘ ਸ਼ਾਹਲੀਵਾਲ, ਪ੍ਰਤਾਪ ਸਿੰਘ ਛੀਨਾ, ਪਰਗਟ ਸਿੰਘ ਜਸਰਾਊਰ, ਹਰਪਾਲ ਸਿੰਘ ਮੰਨਣ, ਡਾ: ਕੁਲਵੰਤ ਸਿੰਘ ਨਿੱਝਰ, ਸ਼ੇਰਅਮੀਰ ਸਿੰਘ ਫੱਤੇਵਾਲ, ਸਾਹਿਬਜੀਤ ਸਿੰਘ ਭੱਖਾ, ਸੁਖਬੀਰ ਸਿੰਘ ਰਿਆੜ, ਨੰਬਰਦਾਰ ਗੁਲਜ਼ਾਰ ਸਿੰਘ ਕੋਟਲੀ, ਜਸਪਾਲ ਸਿੰਘ ਸਹਿੰਸਰੇ ਵਾਲੇ, ਮੰਗਾ ਸਿੰਘ ਬੋਹਲੀਆ, ਹਰਜਿੰਦਰ ਸਿੰਘ ਰਾਏਪੁਰ, ਅੰਤਰਪ੍ਰੀਤ ਸਿੰਘ ਬਾਠ, ਗੁਰਅੰਮ੍ਰਿਤਪਾਲ ਸਿੰਘ ਬੋਹਲੀਆ ਆਦਿ ਹਾਜ਼ਰ ਸਨ।



ਮੀਟਿੰਗ ਉਪਰੰਤ ਮਨਜੀਤ ਸਿੰਘ ਬਾਠ, ਕਾਬਲ ਸਿੰਘ ਸ਼ਾਹਪੁਰ, ਬਲਕਾਰ ਸਿੰਘ ਬਾਜਵਾ, ਨਰਿੰਦਰਪਾਲ ਸਿੰਘ ਢਿੱਲੋਂ ਤੇ ਹੋਰ। ਤਸਵੀਰ: ਢਿੱਲੋਂ


# ਨਹਿਰੂ ਯੁਵਾ ਕੇਂਦਰ ਨੇ ਪਾਣੀ ਬਚਾਉਣ ਸੰਬੰਧੀ ਕੀਤਾ ਜਾਗਰੂਕ

ਅਟਾਰੀ, 3 ਜਨਵਰੀ (ਗੁਰਦੀਪ ਸਿੰਘ ਅਟਾਰੀ)-ਯੂਥ ਕਲੱਬ ਭੀਲੋਵਾਲ ਵਲੋਂ ਨਹਿਰੂ ਯੁਵਾ ਕੇਂਦਰ ਦੇ ਜ਼ਿਲ੍ਹਾ ਅੰਮ੍ਰਿਤਸਰ ਯੂਥ ਅਫ਼ਸਰ ਅਕਾਸ਼ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਹੱਦੀ ਪਿੰਡ ਮੋਦੇ ਦੀ ਜਨਤਾ ਨੂੰ ਪਾਣੀ ਬਚਾਉਣ ਸੰਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਗੁਰਦਾਸ ਭੀਲੋਵਾਲ ਨੇ ਸੈਮੀਨਾਰ ਨੂੰ ਸੰਬੋਧਨ ਕਰਦੇ ਕਿਹਾ ਕਿ ਪਾਣੀ ਦਾ ਪੱਧਰ ਦਿਨੋਂ ਦਿਨ ਹੇਠਾਂ ਜਾ ਰਿਹਾ ਹੈ। ਪਾਣੀ ਰੱਬ ਵਲੋਂ ਦਿੱਤੀ ਅਨਮੋਲ ਦਾਤ ਹੈ, ਆਉਣ ਵਾਲੀਆਂ ਪੀੜ੍ਹੀਆਂ ਲਈ ਪਾਣੀ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਉਪਰਾਲੇ ਕਰਨ ਦੀ ਲੋੜ ਹੈ। ਉਨ੍ਹਾਂ ਨੇ ਪਾਣੀ ਦੀ ਸਾਂਭ ਸੰਭਾਲ ਕਰਨ ਅਤੇ ਪਾਣੀ ਬਚਾਉਣ ਲਈ ਨੁਕਤੇ ਦੱਸੇ। ਇਸ ਮੌਕੇ ਮੈਡਮ ਕੰਵਲਜੀਤ ਕੌਰ ਨੇ ਕਿਹਾ ਕਿ ਜੇ ਪਾਣੀ ਵਾਲੀ ਟੂਟੀ ਖੁੱਲ੍ਹੀ ਚੱਲਦੀ ਹੋਵੇ ਤਾਂ ਉਸ ਨੂੰ ਬੰਦ ਕਰ ਦੇਣਾ ਚਾਹੀਦਾ ਹੈ ਅਤੇ ਘਰ ਵਿਚ ਵਰਤਣ ਯੋਗ ਪਾਣੀ ਦਾ ਮੂੰਹ ਬਗੀਚੀ ਵੱਲ ਮੋੜ ਦੇਣਾ ਚਾਹੀਦਾ ਹੈ, ਇਸ ਨਾਲ ਪਾਣੀ ਦਾ ਬਚਾਅ ਵੀ ਹੋਵੇਗਾ ਅਤੇ ਬਗੀਚੀ ਵੀ ਹਰੀ ਭਰੀ ਰਹੇਗੀ।




ਪਾਣੀ ਬਚਾਉਣ ਸੰਬੰਧੀ ਜਾਗਰੂਕ ਕਰਦੇ ਹੋਏ ਨਹਿਰੂ ਯੁਵਾ ਕੇਂਦਰ ਦੇ ਗੁਰਦਾਸ ਭੀਲੋਵਾਲ। ਤਸਵੀਰ : ਗੁਰਦੀਪ ਸਿੰਘ

Tantia University
(Established by State Government Act 32 of 2013 u/s 2 (f) of UGC Act 1956)
SRI GANGANAGAR (RAJASTHAN)
Excellence Innovation Achievement
MEDICAL SCIENCE
M.B.B.S.
VETERINARY SCIENCE
B.V.Sc. & A.H.
AYURVEDA
BAMS, M.D. (Ayurveda)
HOMOEOPATHY
BHMS, M.D. (Homoeopathy)
*Admission For NEET Qualified & As Per Govt. Norms
-: OTHER COURSES :-
♦ M.Sc. Nursing ♦ B.Sc. Nursing ♦ Post Basic B.Sc. Nursing ♦ BPT ♦ MPT ♦ D.Pharmacy ♦ Ayurvedic Nursing ♦ BA LLB ♦ LLB ♦ LLM ♦ MA ♦ M.Ed. ♦ AHDP ♦ Ph.D
0154-2494125 | 94140-93087 | 94140-93083 | 94140-93082
TOLL FREE : 1800 123 1981
Email : admission@tantiauniversity.com | Visit us on : www.tantiauniversity.com



ਧੌਲ ਕਲਾਂ ਵਿਖੇ ਏ.ਐੱਸ.ਆਈ. ਸੁਖਵਿੰਦਰ ਸਿੰਘ ਮਾਹਲ ਨੂੰ ਸਨਮਾਨਿਤ ਕਰਦੇ ਹੋਏ ਭਾਈ ਰਣਜੀਤ ਸਿੰਘ ਧੌਲ ਦੇ ਨਾਲ ਭਾਈ ਮੁਖਤਾਰ ਸਿੰਘ ਗੁਮਾਨਪੁਰੀ ਤੇ ਗਗਨਦੀਪ ਸਿੰਘ ਧੌਲ। ਤਸਵੀਰ : ਔਲਖ

# ਕਵੀ ਸੋਹਣ ਸਿੰਘ ਧੌਲ ਦੀ ਯਾਦ 'ਚ ਧਾਰਮਿਕ ਸਮਾਗਮ

ਰਾਮ ਤੀਰਥ, 3 ਦਸੰਬਰ (ਧਰਵਿੰਦਰ ਸਿੰਘ ਔਲਖ)-ਆਸਟਰੇਲੀਆ ਮੈਲਬੋਰਨ ਤੋਂ ਅਜੀਤ ਦੇ ਪ੍ਰਤੀਨਿਧ ਸਰਤਾਜ ਸਿੰਘ ਧੌਲ ਦੇ ਦਾਦਾ ਕਵੀ ਸੋਹਣ ਸਿੰਘ ਧੌਲ ਦੀ ਯਾਦ 'ਚ ਪਿੰਡ ਧੌਲ ਕਲਾਂ ਵਿਖੇ ਭਾਈ ਰਣਜੀਤ ਸਿੰਘ ਧੌਲ ਦੀ ਅਗਵਾਈ ਹੇਠ ਧਾਰਮਿਕ ਸਮਾਗਮ ਕਰਵਾਇਆ। ਅਖੰਡ ਪਾਠ ਦੇ ਭੋਗ ਉਪਰੰਤ ਭਾਈ ਮੁਖਤਾਰ ਸਿੰਘ ਛੋਟਾ ਗੁਮਾਨਪੁਰੀ ਨੇ ਧਾਰਮਿਕ ਗੀਤਾਂ ਦਾ ਗਾਇਣ ਕੀਤਾ। ਭਾਈ ਰਣਜੀਤ ਸਿੰਘ ਧੌਲ ਨੇ ਦੱਸਿਆ ਕਿ ਕਵੀ ਸੋਹਣ ਸਿੰਘ ਧੌਲ ਪੰਜ ਭਾਸ਼ਾਵਾਂ ਪੰਜਾਬੀ, ਉਰਦੂ, ਫਾਰਸੀ , ਅਰਬੀ ਤੇ ਸੰਸਕ੍ਰਿਤ ਦੇ ਗਿਆਤਾ ਹੋਣ ਦੇ ਨਾਲ-ਨਾਲ ਪੰਜ ਧਾਰਮਿਕ ਤੇ ਸਾਹਿਤਕ ਕਾਵਿ ਪੁਸਤਕਾਂ ਦੇ ਲੇਖਕ ਸਨ ਜੋ 1995 ਵਿਚ ਵਿਛੋੜਾ ਦੇ ਗਏ। ਉਨ੍ਹਾਂ ਦੀ ਯਾਦ ਵਿਚ ਹਰ ਸਾਲ ਸਮਾਗਮ ਕਰਵਾਇਆ ਜਾਂਦਾ ਹੈ । ਇਸ ਮੌਕੇ ਏ.ਐੱਸ.ਆਈ. ਸੁਖਵਿੰਦਰ ਸਿੰਘ ਮਾਹਲ , ਪ੍ਰਭਦਿਆਲ ਸਿੰਘ ਸੰਧਾਵਾਲੀਆ, ਗਗਨਦੀਪ ਸਿੰਘ ਗਿੱਲ, ਅਨੋਖ ਸਿੰਘ ਧੌਲ ਆਦਿ ਹਾਜ਼ਰ ਸਨ।



ਕੱਥੂਨੰਗਲ ਵਿਖੇ ਭਗਵੰਤ ਪਾਲ ਸਿੰਘ ਸੱਚਰ ਨੂੰ ਸਨਮਾਨਿਤ ਕਰਦੇ ਹੋਏ ਜਗਦੀਸ਼ ਸਿੰਘ ਬੱਲ ਤੇ ਹੋਰ ਆਗੂ। ਤਸਵੀਰ : ਰੰਧਾਵਾ

# ਕਾਂਗਰਸ ਪਾਰਟੀ ਦਾ ਕਾਫ਼ਲਾ ਦਿਨੋ ਦਿਨ ਵੱਧ ਰਿਹੈ : ਸੱਚਰ

ਕੱਥੂਨੰਗਲ, 3 ਜਨਵਰੀ (ਦਲਵਿੰਦਰ ਸਿੰਘ ਰੰਧਾਵਾ)-ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਤੇ ਮਜੀਠਾ ਹਲਕੇ ਤੋਂ ਕਾਂਗਰਸ ਦੇ ਤਕੜੇ ਦਾਅਵੇਦਾਰ ਭਗਵੰਤ ਪਾਲ ਸਿੰਘ ਸੱਚਰ ਨੇ ਪਿਛਲੇ ਕਾਫ਼ੀ ਸਮੇਂ ਤੋਂ ਆਪਣੀ ਚੋਣ ਮੁਹਿੰਮ ਦੀ ਸ਼ੁਰੂਆਤ ਕੀਤੀ ਹੋਈ ਹੈ ਤੇ ਹਲਕੇ ਦੇ ਵੱਖ-ਵੱਖ ਪਿੰਡਾਂ 'ਚ ਜਾਕੇ ਵੱਡੇ ਇਕੱਠਾਂ ਨੂੰ ਵੀ ਸੰਬੋਧਨ ਕਰ ਰਹੇ ਹਨ। ਸ: ਸੱਚਰ ਨੇ ਆਪਣੇ ਮੁੱਖ ਦਫਤਰ ਪੈਟਰੋਲ ਪੰਪ ਕੱਥੂਨੰਗਲ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਡਾ ਕਾਫ਼ਲਾ ਦਿਨੋ ਦਿਨ ਵੱਧ ਰਿਹਾ ਹੈ ਲੋਕ ਕਾਂਗਰਸ ਦੀ ਚੰਨੀ ਸਰਕਾਰ ਤੋਂ ਅਤੇ ਇਸ ਦੀਆਂ ਲੋਕ-ਹਿਤ ਦੀਆਂ ਨੀਤੀਆਂ ਤੋਂ ਕਾਫ਼ੀ ਖੁਸ਼ ਨਜ਼ਰ ਆ ਰਹੇ ਹਨ ਤੇ ਮੈਂ ਦਾਅਵੇ ਨਾਲ ਕਹਿ ਸਕਦਾਂ ਹਾਂ ਕਿ ਇਸ ਵਾਰ ਮਜੀਠਾ ਹਲਕਾ ਵੀ ਕਾਂਗਰਸ ਜਿੱਤ ਕੇ ਹਾਈਕਾਨ ਦੀ ਝੋਲੀ ਵਿਚ ਸੀਟ ਪਾਵੇਗਾ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਧਾਇਕਾਂ ਜਾਂ ਆਗੂਆਂ ਨੂੰ ਜਾਂ ਉਨ੍ਹਾਂ ਦੇ ਪਰਿਵਾਰਾਂ ਨੂੰ ਜਿਹੜੇ ਲਗਾਤਾਰ ਹਾਰ ਖਾ ਰਹੇ ਹਨ, ਇਸ ਵਾਰ ਕਾਂਗਰਸ ਪਾਰਟੀ ਉਨ੍ਹਾਂ ਨੂੰ ਟਿਕਟਾਂ ਤੋਂ ਦੂਰ ਰੱਖ ਰਹੀ ਹੈ, ਉਹ ਹੀ ਦੂਸਰੀਆਂ ਪਾਰਟੀਆਂ ਵਿਚ ਸ਼ਾਮਿਲ ਹੋ ਰਹੇ ਹਨ ਤੇ ਕਾਂਗਰਸ ਪਾਰਟੀ ਦੀ ਪਿੱਠ ਵਿਚ ਛੁਰਾ ਮਾਰ ਰਹੇ ਹਨ। ਇਸ ਮੌਕੇ ਜਗਦੀਸ਼ ਸਿੰਘ ਬੱਲ, ਸਰਪੰਚ ਅੰਗਰੇਜ਼ ਸਿੰਘ ਖੈੜੇ, ਸੁੱਖਚੈਨ ਸਿੰਘ ਭੰਗਵਾਂ, ਬਖ਼ਸ਼ੀਸ਼ ਸਿੰਘ ਉਦੋਕੇ ਆਦਿ ਹਾਜ਼ਰ ਸਨ।

ਪੰਜਾਬ ਦੇ ਮੁੱਖ ਮੰਤਰੀ
ਚਰਨਜੀਤ ਸਿੰਘ ਚੰਨੀ
ਦੀ
ਗਤੀਸ਼ੀਲ ਅਗਵਾਈ ਹੇਠ
ਭਾਰਤ ਭੂਸ਼ਨ ਆਸ਼ੂ
ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ, ਪੰਜਾਬ
ਅਤੇ
ਗੁਰਕੀਰਤ ਸਿੰਘ ਕੋਟਲੀ
ਉਦਯੋਗ ਤੇ ਵਣਜ ਅਤੇ ਵਿਗਿਆਨ ਤੇ ਤਕਨੀਕ ਮੰਤਰੀ, ਪੰਜਾਬ
ਵੱਲੋਂ
40 ਐਮ. ਐਲ. ਡੀ.
ਕਾਮਨ ਐਫੂਲੈਂਟ ਟਰੀਟਮੈਂਟ ਪਲਾਂਟ
(ਫੋਕਲ ਪੁਆਇੰਟ ਮੋਡਿਊਲ)
ਦਾ ਉਦਘਾਟਨ
ਮਿਤੀ 04.01.2022, ਦਿਨ ਮੰਗਲਵਾਰ ਨੂੰ ਸਵੇਰੇ 11:00 ਵਜੇ
ਤਾਜਪੁਰ ਰੋਡ, ਲੁਧਿਆਣਾ ਵਿਖੇ ਕੀਤਾ ਜਾਵੇਗਾ।






ਪ੍ਰਾਜੈਕਟ ਦੀਆਂ ਮੁੱਖ ਵਿਸ਼ੇਸ਼ਤਾਵਾਂ:-
- ਵਾਤਾਵਰਣ ਵਿੱਚ ਪ੍ਰਦੂਸ਼ਣ ਦੀ ਕਮੀ
- ਉਦਯੋਗਾਂ ਨੂੰ ਅੰਦਰੂਨੀ ਟਰੀਟਮੈਂਟ ਤੋਂ ਰਾਹਤ
- ਹੁਨਰਮੰਦ ਵਿਅਕਤੀਆਂ ਵੱਲੋਂ ਕੇਂਦਰੀਕ੍ਰਿਤ ਤੇ ਬਿਹਤਰ ਟਰੀਟਮੈਂਟ
- ਟਰੀਟਮੈਂਟ ਲਈ ਪੂੰਜੀ ਅਤੇ ਸੰਚਾਲਨ ਲਾਗਤ ਵਿੱਚ ਬੱਚਤ
- ਨੇਮਬੰਦੀ ਅਦਾਰਿਆਂ ਵੱਲੋਂ ਇੱਕ ਜਗ੍ਹਾ ਤੋਂ ਨਿਗਰਾਨੀ

No:13/311/2021/12079
ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ
ਵਾਤਾਵਰਣ ਭਵਨ, ਨਾਭਾ ਰੋਡ, ਪਟਿਆਲਾ, ਫੋਨ : 0175-2302392, 2200557, ਫੈਕਸ : 0175-2215636



ਸੰਤੋਖ ਸਿੰਘ ਆੜ੍ਹਤੀ ਬੱਚੀਵਿੰਡ ਨਮਿਤ ਅੰਤਿਮ ਅਰਦਾਸ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਦੇ ਵੱਖ-ਵੱਖ ਬੁਲਾਰੇ ਅਤੇ ਹਾਜ਼ਰ ਸੰਗਤ। ਤਸਵੀਰਾਂ : ਕੰਬੋ

# ਆੜ੍ਹਤੀ ਸੰਤੋਖ ਸਿੰਘ ਬੱਚੀਵਿੰਡ ਨੂੰ ਵੱਖ-ਵੱਖ ਆਗੂਆਂ ਵਲੋਂ ਸ਼ਰਧਾਂਜਲੀਆਂ ਭੇਟ

ਬੱਚੀਵਿੰਡ, 3 ਜਨਵਰੀ (ਬਲਦੇਵ ਸਿੰਘ ਕੰਬੋ)-ਆੜ੍ਹਤੀ ਐਸੋਸੀਏਸ਼ਨ ਦਾਣਾ ਮੰਡੀ ਭਗਤਾਂਵਾਲਾ ਦੇ ਮੁੱਖ ਅਹੁਦੇਦਾਰ ਅਤੇ ਸਾਬਕਾ ਸੰਮਤੀ ਮੈਂਬਰ ਆੜ੍ਹਤੀ ਸੰਤੋਖ ਸਿੰਘ ਬੱਚੀਵਿੰਡ ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਨੂੰ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਵਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਤੋਂ ਪਹਿਲਾਂ ਉਨ੍ਹਾਂ ਦੇ ਗ੍ਰਹਿ ਪਿੰਡ ਬੱਚੀਵਿੰਡ ਵਿਖੇ ਅਖੰਡ ਪਾਠ ਦੇ ਭੋਗ ਪਾਏ ਗਏ ਉਪਰੰਤ ਗੁਰਦੁਆਰਾ ਪੱਲ੍ਹਾ ਸ਼ਹੀਦ ਵਿਖੇ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ ਜਿਸ ਵਿਚ ਕੈਬਨਿਟ ਮੰਤਰੀ ਸੁਖਬਿੰਦਰ ਸਿੰਘ ਸਰਕਾਰੀਆ ਵਲੋਂ ਭੇਜਿਆ ਸ਼ੋਕ ਸੰਦੇਸ਼ ਬੂਆ ਸਿੰਘ ਸੰਧੂ ਵਲੋਂ ਪੜ੍ਹ ਕੇ ਸੁਣਾਇਆ ਗਿਆ। ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਸ਼ਹੂਰਾ ਅਤੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਅਤੇ ਅਕਾਲੀ ਆਗੂ ਜਥੇਦਾਰ ਸੁਰਜੀਤ ਸਿੰਘ ਭਿੱਟੇਵੱਡ ਨੇ ਵਿਛੜੀ ਆਤਮਾ ਨੂੰ ਸ਼ਰਧਾ ਸੁਮਨ ਅਰਪਿਤ ਕੀਤੇ। ਇਸ ਤੋਂ ਪਹਿਲਾਂ ਸਜਾਏ ਗਏ ਦੀਵਾਨ 'ਚ ਬਾਬਾ ਬੰਤਾ ਸਿੰਘ ਮੁੰਡਾ ਪਿੰਡ ਵਾਲਿਆਂ ਵਲੋਂ ਗੁਰਬਾਣੀ ਵਿਚਾਰਾਂ ਕੀਤੀਆਂ ਗਈਆਂ। ਇਸ ਮੌਕੇ ਬਾਬਾ ਗੁਰਮੁਖ ਸਿੰਘ, ਅਮਨਦੀਪ ਸਿੰਘ ਛੀਨਾ ਪ੍ਰਧਾਨ ਦਾਣਾ ਮੰਡੀ ਭਗਤਾਂਵਾਲਾ, ਸਾ: ਪ੍ਰਧਾਨ ਰਮਨ ਬਹਿਲ, ਵਾਈਸ ਪ੍ਰਧਾਨ ਗੁਰਦੇਵ ਸਿੰਘ , ਸਰਪੰਚ ਰੇਸ਼ਮ ਸਿੰਘ, ਸੰਮਤੀ ਮੈਂਬਰ ਸਾਹਿਬ ਸਿੰਘ ਸੋਹਲ ,ਸਾ. ਸਰਪੰਚ ਚਾਨਣ ਸਿੰਘ, ਸਾਬਕਾ ਸਰਪੰਚ ਬਖਸ਼ੀਸ ਸਿੰਘ, ਮੈਨੇਜਰ ਪ੍ਰਤਾਪ ਸਿੰਘ, ਵਾਈਸ ਪ੍ਰਧਾਨ ਸੁਖਦੇਵ ਸਿੰਘ ਵਣੀਏਕੇ, ਪ੍ਰਧਾਨ ਸਤਪਾਲ ਸਿੰਘ ਕੱਕੜ, ਪਰਗਟ ਸਿੰਘ ਆੜ੍ਹਤੀ , ਡਾ: ਰਾਜਬੀਰ ਸਿੰਘ ,ਗੁਰਜੀਤ ਸਿੰਘ ਮੈਂਬਰ ,ਸਾ:ਸਰਪੰਚ ਗੁਰਭੇਜ ਸਿੰਘ, ਏ. ਐਸ. ਆਈ. ਕਰਤਾਰ ਸਿੰਘ , ਦਿਲਬਾਗ ਸਿੰਘ ਐਲ, ਟੀ.ਫੂਡ, ਸਰਪੰਚ ਨਿਸ਼ਾਨ ਸਿੰਘ ਕੋਟਲਾ, ਵਰਿੰਦਰ ਸਿੰਘ ਕੋਟਲਾ, ਸਰਪੰਚ ਗੁਰਮੀਤ ਸਿੰਘ ਡਾਲਾ, ਸ਼ਮਸ਼ੇਰ ਸਿੰਘ ਕਿਰਲਗੜ, ਨੰ:, ਸੁਰਿੰਦਰ ਸਿੰਘ, ਸਰਪੰਚ ਸੁਰਜੀਤ ਸਿੰਘ ਗਾਗਰਮੱਲ, ਮਨਜਿੰਦਰ ਸਿੰਘ ਟੈਂਟ ਵਾਲੇ, ਗੁਰਵਿੰਦਰ ਸਿੰਘ ਭੋਲਾ, ਏ. ਐਸ. ਆਈ. ਗੁਰਦਾਸ ਸਿੰਘ, ਜੱਜਬੀਰ ਸਿੰਘ, ਘੁੱਲਾ ਸਿੰਘ ਫੌਜੀ, ਬਲਕਾਰ ਸਿੰਘ ਜੋਧਪੁਰੀਆ, ਸੰਤੋਖ ਸਿੰਘ ਸ਼ਾਹ, ਗੁਲਜ਼ਾਰ ਸਿੰਘ ਸ਼ਾਹ, ਸੰਤੋਖ ਸਿੰਘ ਬਿਜਲੀਵਾਲਾ ਆਦਿ ਨੇ ਸੰਬੰਧਿਤ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕੀਤਾ।